ਪੰਜਾਬੀ ਯੂਨੀਵਰਸਿਟੀ, ਪਟਿਆਲਾ
1961 ਦੇ ਪੰਜਾਬ ਐਕਟ ਨੰ: 35 ਤਹਿਤ ਸਥਾਪਤ)
ਕੰਟਰੋਲਰ ਪ੍ਰੀਖਿਆਵਾਂ ਦਫ਼ਤਰ

ਨੰ. 37890
ਮਿਤੀ 15/12/2025

**ਮਿਤੀ : 17-12-2025 ਨੂੰ ਹੋਣ ਵਾਲੀਆਂ ਪ੍ਰੀਖਿਆਵਾਂ ਦੀ ਨਵੀਂ ਮਿਤੀ ਸਬੰਧੀ।**

ਜਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸਮੰਤੀ ਦੀਆਂ ਚੋਣਾਂ ਦੀ ਗਿਣਤੀ ਚੋਣ ਕਮਿਸ਼ਨ ਪੰਜਾਬ ਵੱਲੋਂ ਮਿਤੀ: 17.12.2025 ਨੂੰ ਕਰਵਾਈ ਜਾ ਰਹੀ ਹੈ। ਇਸ ਪ੍ਰੀਕ੍ਰਿਆ ਵਿੱਚ ਪੰਜਾਬੀ ਯੂਨੀਵਰਸਿਟੀ,ਪਟਿਆਲਾ ਨਾਲ ਸਬੰਧਤ ਬਹੁਤ ਸਾਰੇ ਕਾਲਜਾਂ ਦੀਆਂ ਇਮਾਰਤਾਂ ਇਸ ਮੰਤਵ ਲਈ ਵਰਤੀਆਂ ਜਾ ਰਹੀਆਂ ਹਨ। ਜਿਸ ਕਾਰਣ **ਮਿਤੀ: 17.12.2025 ਨੂੰ ਹੋਣ ਵਾਲੀਆਂ ਸਾਰੀਆਂ ਪ੍ਰੀਖਿਆਵਾਂ ਮਿਤੀ: 10.1.2026 (ਸ਼ਨਿਚਰਵਾਰ) ਨੂੰ ਹੋਣਗੀਆਂ।** ਇਹ ਵੀ ਦੱਸਿਆ ਜਾਂਦਾ ਹੈ ਕਿ ਇਹਨਾਂ ਪ੍ਰੀਖਿਆਵਾਂ ਦਾ ਸਮਾਂ ਅਤੇ ਸਥਾਨ ਪਹਿਲਾਂ ਵਾਲਾ ਹੀ ਰਹੇਗਾ।

**ਇਥੇ ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਬੀ.ਟੈਕ, ਐਮ.ਟੈਕ, ਬੀ.ਐਸ.ਸੀ ਟੂਰਿਜ਼ਮ ਐਂਡ ਟਰੈਵਲ ਮੈਨੇਜਮੈਂਟ (ਚਾਰ ਸਾਲਾ ਕੋਰਸ) ਅਤੇ ਬੈਚੁਲਰ ਇਨ ਹੋਟਲ ਮੈਨੇਜਮੈਂਟ (ਚਾਰ ਸਾਲਾਂ) ਦੀਆਂ ਮਿਤੀ 17-12-2025 ਨੂੰ ਹੋਣ ਵਾਲੀਆਂ ਪ੍ਰੀਖਿਆਵਾਂ ਦੇ ਉੱਪਰ ਇਸ ਦਾ ਕੋਈ ਅਸਰ ਨਹੀਂ ਹੋਵੇਗਾ, ਭਾਵ ਕਿ ਇਹਨਾਂ ਕੋਰਸਾਂ ਦੀਆਂ ਪ੍ਰੀਖਿਆਵਾਂ ਪਹਿਲਾਂ ਤੋਂ ਹੀ ਨਿਰਧਾਰਤ ਮਿਤੀ: 17.12.2025 ਨੂੰ ਪਹਿਲਾਂ ਵਾਂਗ ਹੀ ਹੋਣਗੀਆਂ।**

ਸਮੂਹ ਵਿਭਾਗਾਂ, ਕਾਲਜਾਂ ਸੈਂਟਰਾਂ ਨੂੰ ਇਕ ਵਾਰ ਫਿਰ ਤੋਂ ਸੂਚਿਤ ਕੀਤਾ ਜਾਂਦਾ ਹੈ ਕਿ ਉਪਰੋਕਤ ਅਨੁਸਾਰ ਮਿਤੀ 17.12.2025 ਨੂੰ ਹੋਣ ਵਾਲੀਆਂ ਪ੍ਰੀਖਿਆਵਾਂ ਦੇ ਪ੍ਰਸ਼ਨ-ਪੱਤਰ ਕਿਸੇ ਵੀ ਹਾਲਤ ਵਿੱਚ ਨਾ ਖੋਲ੍ਹੇ ਜਾਣ, ਤਾਂ ਜੋ ਇਹ ਪ੍ਰੀਖਿਆਵਾਂ ਮਿਤੀ 10.01.2026(ਸ਼ਨਿਚਰਵਾਰ)ਨੂੰ ਨਿਰਵਿਘਨ ਤੌਰ ਤੇ ਕਰਵਾਈਆਂ ਜਾ ਸਕਣ। ਇਥੇ ਇਹ ਵੀ ਹਦਾਇਤ ਕੀਤੀ ਜਾਂਦੀ ਹੈ ਕਿ ਇਹ ਸੂਚਨਾਂ ਪਬਲਿਕ ਤੌਰ ਤੇ ਵਿਦਿਆਰਥੀਆਂ, ਅਧਿਆਪਕਾਂ ਅਤੇ ਸਬੰਧਤ ਸਟਾਫ ਨੂੰ ਜਲਦੀ ਤੋਂ ਜਲਦੀ ਦੇ ਦਿੱਤੀ ਜਾਵੇ।

ਇਸ ਨੂੰ ਅਤਿ ਜਰੂਰੀ ਸਮਝਿਆ ਜਾਵੇ ਜੀ।

BBSingla 15/12/2025
**ਕੰਟਰੋਲਰ (ਪ੍ਰੀਖਿਆਵਾਂ)**